# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :26-08-2026**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰ ਦੀਆਂ ਦੋ ਪ੍ਰਮੁੱਖ ਸਿਹਤ ਸੰਭਾਲ ਪਹਿਲਕਦਮੀਆਂ ਮੁੱਖ ਮੰਤਰੀ ਸਿਹਤ ਯੋਜਨਾ ਅਤੇ ਆਮ ਆਦਮੀ ਕਲੀਨਿਕ ਦਾ ਲਾਭ ਸੂਬੇ ਭਰ ਵਿੱਚ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਸਿਹਤ ਵਿਭਾਗ ਨੂੰ ਵਿਆਪਕ ਜਾਗਰੂਕਤਾ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਨੇ । ਮੁੱਖ ਮੰਤਰੀ ਨੇ ਹਰੇਕ ਯੋਗ ਲਾਭਪਾਤਰੀ ਤੱਕ ਇਨ੍ਹਾਂ ਸਿਹਤ ਸੰਭਾਲ ਪਹਿਲਕਦਮੀਆਂ ਦੇ ਲਾਭ ਪਹੁੰਚਣਾ ਯਕੀਨੀ ਬਣਾਉਣ ਲਈ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਸੂਬਾ ਸਰਕਾਰ ਦੀਆਂ ਦੋਵੇਂ ਯੋਜਨਾਵਾਂ ਨੂੰ ਲਾਗੂਕਰਨ ਅਤੇ ਪ੍ਰਗਤੀ ਦੀ ਸਮੀਖਿਆ ਲਈ ਕੱਲ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਇਹ ਬੇਹੱਦ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਏ ਕਿ 1,090 ਆਮ ਆਦਮੀ ਕਲੀਨਿਕ ਸੂਬੇ ਭਰ ਵਿੱਚ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸਹੂਲਤਾਂ ਪ੍ਰਦਾਨ ਕਰ ਰਹੇ ਹਨ ਜਿਨ੍ਹਾਂ ਵਿੱਚੋਂ 603 ਕਲੀਨਿਕ ਪੇਂਡੂ ਖੇਤਰਾਂ ਵਿੱਚ ਅਤੇ 487 ਸ਼ਹਿਰੀ ਖੇਤਰਾਂ ਵਿੱਚ ਕਾਰਜਸ਼ੀਲ ਹਨ। ਇਨ੍ਹਾਂ ਕਲੀਨਿਕਾਂ ਵਿੱਚ ਹੁਣ ਤੱਕ 6

ਕਰੋੜ 11 ਲਖ ਮਰੀਜ਼ ਓਪੀਡੀਜ਼ ਰਾਹੀਂ ਇਲਾਜ ਪ੍ਰਾਪਤ ਕਰ ਚੁੱਕੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿੱਚ ਆਉਣ ਵਾਲੇ 53.7 ਫ਼ੀਸਦ ਮਰੀਜ਼ ਔਰਤਾਂ ਹਨ, ਜਦੋਂ ਕਿ 46.3 ਫ਼ੀਸਦ ਪੁਰਸ਼ ਹਨ ਜਿਸ ਨਾਲ ਸਰਕਾਰ ਨੂੰ ਸਿਹਤ ਸੰਭਾਲ ਸਬੰਧੀ ਯੋਜਨਾ ਬਣਾਉਣ ਅਤੇ ਇਸ ਨੂੰ ਮਜ਼ਬੂਤ ਕਰਨ ਲਈ ਅਹਿਮ ਜਾਣਕਾਰੀ ਮਿਲ ਰਹੀ ਏ। ਉਨ੍ਹਾਂ ਕਿਹਾ, "ਆਮ ਆਦਮੀ ਕਲੀਨਿਕਾਂ ਵਿੱਚ 107 ਦਵਾਈਆਂ ਮੁਫ਼ਤ ਪ੍ਰਦਾਨ ਕੀਤੀਆਂ ਜਾ ਰਹੀਆਂ ਨੇ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਤੱਕ 50 ਲੱਖ ਤੋਂ ਵੱਧ ਪਰਿਵਾਰਾਂ ਦੇ 1 ਕਰੋੜ 25 ਲੱਖ ਲਾਭਪਾਤਰੀਆਂ ਨੂੰ ਯੋਜਨਾ ਦੇ ਦਾਇਰੇ ਵਿੱਚ ਲਿਆਂਦਾ ਗਿਆ ਏ।

---------------------------------------------------------------

ਪੰਜਾਬ ਸਰਕਾਰ ਵੱਲੋਂ ਝੋਨੇ ਦੇ ਆਉਂਦੇ ਖਰੀਦ ਸੀਜ਼ਨ ਦੇ ਮੱਦੇਨਜ਼ਰ ਸੂਬੇ ਭਰ ਦੀਆਂ ਮੰਡੀਆਂ ਵਿੱਚ ਢੁਕਵੇਂ ਭੰਡਾਰਨ ਨੂੰ ਯਕੀਨੀ ਬਣਾਉਣ ਦੇ ਮਾਮਲੇ ਨੂੰ ਪ੍ਰਮੁੱਖ ਤਰਜੀਹ ਦਿੱਤੀ ਜਾ ਰਹੀ ਏ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਖੁਰਾਕ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਸ਼ਮੂਲੀਅਤ ਵਾਲੇ ਮੰਤਰੀ ਸਮੂਹ ਨੇ ਕੱਲ ਸੂਬੇ ਦੇ ਵੱਖ-ਵੱਖ ਚੌਲ ਮਿੱਲਰਾਂ ਨਾਲ ਮੁਲਾਕਾਤ ਕੀਤੀ ਅਤੇ ਖਰੀਦ ਸੀਜ਼ਨ ਨੂੰ ਸਫ਼ਲ ਬਣਾਉਣ ਲਈ ਉਨ੍ਹਾਂ ਨੂੰ ਸੂਬਾ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਮੰਤਰੀ ਸਮੂਹ ਨੇ

ਕਿਹਾ ਕਿ ਚੌਲ ਉਦਯੋਗ ਦੇ ਨਾਲ-ਨਾਲ ਕਿਸਾਨ, ਆੜ੍ਹਤੀਏ ਅਤੇ ਮਜ਼ਦੂਰ ਸੂਬੇ ਦੇ ਆਰਥਿਕ ਢਾਂਚੇ ਦੀ ਰੀੜ੍ਹ ਨੇ ਅਤੇ ਸੂਬਾ ਸਰਕਾਰ ਉਨ੍ਹਾਂ ਦੀ ਭਲਾਈ ਪੂਰੀ ਤਰ੍ਹਾਂ ਵਚਨਬੱਧ ਏ । ਇਸ ਤੋਂ ਇਲਾਵਾ, ਕਈ ਭਲਾਈ ਕੇਂਦਰਤ ਪਹਿਲਕਦਮੀਆਂ ਵੀ ਪ੍ਰਗਤੀ ਅਧੀਨ ਹਨ, ਜਿਵੇਂ ਕਿ ਕੋਈ ਵੀ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਮੁੱਖ ਦਫ਼ਤਰ ਦੀ ਇਜਾਜ਼ਤ ਤੋਂ ਬਿਨਾਂ ਮਿੱਲਰਾਂ ਤੋਂ ਰਿਕਵਰੀ ਨਹੀਂ ਕਰ ਸਕਦਾ। ਇਸ ਤੋਂ ਇਲਾਵਾ, ਆਉਣ ਵਾਲੀ ਕਸਟਮ ਮਿਲਿੰਗ ਨੀਤੀ ਵਿੱਚ ਸ਼ੈਲਰ ਮਾਲਕਾਂ ਨੂੰ ਢੋਆ-ਢੁਆਈ ਦਾ ਸਿੱਧੇ ਤੌਰ 'ਤੇ ਅਦਾਇਗੀ  ਕਰਨ ਬਾਰੇ ਉਪਬੰਧ ਵੀ ਸ਼ਾਮਲ ਕੀਤਾ ਜਾਵੇਗਾ।

----------------------------------------------------------------

ਰਾਸ਼ਟਰੀ ਖੇਡ ਦਿਵਸ 2026 ਦੇ ਜਸ਼ਨਾਂ ਦੇ ਹਿੱਸੇ ਵਜੋਂ, ਪੰਜਾਬ ਅਤੇ ਹਰਿਆਣਾ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਹਰ ਜ਼ਿਲ੍ਹੇ ਦੇ 2-2- ਕਾਲਜ ਕੱਲ੍ਹ 27 ਅਗਸਤ ਨੂੰ 'ਖੇਲੋ ਇੰਡੀਆ ਸੰਵਾਦ - 'ਖੇਲ ਕੀ ਬਾਤ ਪੀ.ਐਮ ਕੇ ਸਾਥ' ਰਾਸ਼ਟਰ ਵੀਡੀਓ ਪ੍ਰੋਗਰਾਮ ਵਿੱਚ ਹਿੱਸਾ ਲੈ ਰਹੇ ਨੇ । ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਮੇਰਾ ਯੁਵਾ ਭਾਰਤ-ਮਾਈ ਭਾਰਤ ਵਲੋਂ ਆਯੋਜਿਤ, ਇਸ ਪ੍ਰੋਗਰਾਮ ਉਦੇਸ਼ ਨੌਜਵਾਨਾਂ ਨੂੰ ਖੇਡਾਂ, ਤੰਦਰੁਸਤੀ ਅਤੇ ਨੌਜਵਾਨਾਂ ਦੀ ਅਗਵਾਈ ਵਾਲੇ ਵਿਕਾਸਿਤ ਭਾਰਤ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨਾਲ ਜੋੜਨਾ ਏ । ਵੇਰਵੇ ਸਾਂਝੇ ਕਰਦੇ ਹੋਏ,

ਮਾਈ ਭਾਰਤ ਪੰਜਾਬ ਦੇ ਸਟੇਟ ਡਾਇਰੈਕਟਰ, , ਰਸ਼ਮੀਤ ਕੌਰ ਨੇ ਦੱਸਿਆ ਕਿ ਵਿਦਿਆਰਥੀ ਅਤੇ ਨੌਜਵਾਨ ਇਨ੍ਹਾਂ ਸਥਾਨਾਂ ਤੋਂ ਰਾਸ਼ਟਰੀ ਪੱਧਰ 'ਤੇ ਸਮਕਾਲੀ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ ਅਤੇ ਸਵੇਰੇ 11 ਵਜੇ ਸ਼ੁਰੂ ਹੋਣ ਵਾਲੇ ਪ੍ਰਧਾਨ ਮੰਤਰੀ  ਨਰੇਂਦਰ ਮੋਦੀ ਦੇ ਵਰਚੁਅਲ ਸੰਬੋਧਨ ਨੂੰ ਸੁਣਨਗੇ। ਸਥਾਨਕ ਖਿਡਾਰੀ ਅਤੇ ਲੋਕ ਨੁਮਾਇੰਦੇ ਵੀ ਇਸ ਵਿਚ ਹਿੱਸਾ ਲੈਣਗੇ, ਜਿਸ ਨਾਲ ਨੌਜਵਾਨਾਂ ਨੂੰ ਆਪਣੇ ਵਿਚਾਰ, ਸੁਝਾਅ ਅਤੇ ਇੱਛਾਵਾਂ ਸਾਂਝੀਆਂ ਕਰਨ ਦਾ ਮੌਕਾ ਮਿਲੇਗਾ।

------------------------------------------------------------

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਇੰਸਪੈਕਟਰ ਕਾਡਰ ਦੇ ਅਧਿਕਾਰੀਆਂ ਲਈ ਲੈਪਟਾਪਾਂ ਦੀ ਖਰੀਦ ਲਈ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਏ। ਵਿਭਾਗ ਦੀ ਇੰਸਪੈਕਟਰ ਯੂਨੀਅਨ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਇਸ ਕਦਮ ਨੂੰ ਇੱਕ ਇਤਿਹਾਸਿਕ ਫ਼ੈਸਲਾ ਕਰਾਰ ਦਿੱਤਾ, ਜਿਸ ਨਾਲ ਇੰਸਪੈਕਟਰ ਹੁਣ ਵਧੇਰੇ ਸਟੀਕਤਾ ਅਤੇ ਪਾਰਦਰਸ਼ਿਤਾ ਨਾਲ ਆਪਣੀ ਡਿਊਟੀ ਨਿਭਾਉਣ ਦੇ ਯੋਗ ਬਣ ਜਾਣਗੇ।

------------------------------------------------------------

ਅੱਜ ਪੈਗੰਬਰ ਹਜ਼ਰਤ ਮੁਹੰਮਦ ਦਾ ਜਨਮ ਦਿਨ, ਈਦ-ਏ-ਮਿਲਾਦ-ਉਨ-ਨਬੀ, ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਪੂਰੀ

ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਸਬੰਧ ਵਿੱਚ, ਪੈਗੰਬਰ ਮੁਹੰਮਦ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ "ਮਿਲਾਦ ਮਹਿਫ਼ਿਲਾਂ " ਅਤੇ "ਸੀਰਤ ਸੰਮੇਲਨ" ਆਯੋਜਿਤ ਕੀਤੇ ਜਾ ਰਹੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਈਦ-ਏ-ਮਿਲਾਦ-ਉਨ-ਨਬੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ ਏ।

-----------------------------------------------------------------

ਕਪੂਰਥਲਾ ਸਥਿਤ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਨੇ ਵਿਗਿਆਨ ਸੰਚਾਰ ਵਿੱਚ ਉਭਰ ਰਹੇ ਪੱਤਰਕਾਰਾਂ ਦੇ ਹੁਨਰ ਨੂੰ ਮਜ਼ਬੂਤ ਕਰਨ ਲਈ "ਵਿਗਿਆਨ ਪੱਤਰਕਾਰੀ: ਆਧੁਨਿਕ ਵਿਗਿਆਨ ਦਾ ਨੈਤਿਕਤਾ, ਪ੍ਰਭਾਵ ਅਤੇ ਰਿਪੋਰਟਿੰਗ" ਵਿਸ਼ੇ 'ਤੇ ਇੱਕ ਸੈਮੀਨਾਰ ਕਰਵਾਇਆ। ਸੈਮੀਨਾਰ ਵਿੱਚ ਪੰਜਾਬ ਦੇ ਕਾਲਜਾਂ ਤੋਂ 150 ਤੋਂ ਵੱਧ ਨੌਜਵਾਨ ਪੱਤਰਕਾਰ, ਵਿਦਿਆਰਥੀ ਅਤੇ ਪੱਤਰਕਾਰੀ ਅਤੇ ਜਨ ਸੰਚਾਰ ਦੇ ਅਧਿਆਪਕ ਸ਼ਾਮਲ ਹੋਏ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਸਕੂਲ ਆਫ਼ ਕਮਿਊਨੀਕੇਸ਼ਨ ਸਟੱਡੀਜ਼ ਦੇ ਚੇਅਰਪਰਸਨ ਡਾ. ਅਰਚਨਾ ਆਰ. ਸਿੰਘ ਕਿਹਾ ਕਿ ਪੱਤਰਕਾਰ ਨਾ ਸਿਰਫ਼ ਤੱਥਾਂ ਦੀ ਰਿਪੋਰਟ ਕਰਦੇ ਨੇ ਸਗੋਂ ਵਿਗਿਆਨ ਨੂੰ ਸਮਝਣ ਦੇ ਤਰੀਕੇ ਨੂੰ ਵੀ ਆਕਾਰ ਦਿੰਦੇ ਨੇ। ਉਨ੍ਹਾਂ

ਜ਼ੋਰ ਦੇ ਕੇ ਕਿਹਾ ਕਿ ਵਿਗਿਆਨ ਪੱਤਰਕਾਰੀ ਨਾਗਰਿਕਾਂ ਨੂੰ ਸਿਹਤ, ਵਾਤਾਵਰਣ ਅਤੇ ਤਕਨਾਲੋਜੀ ਨਾਲ ਸਬੰਧਤ ਮਹੱਤਵਪੂਰਨ ਮੁੱਦਿਆਂ 'ਤੇ ਸੂਚਿਤ ਫੈਸਲੇ ਲੈਣ ਵਿੱਚ ਮਦਦ ਕਰਦੀ ਏ। ਉਨ੍ਹਾਂ ਨੇ ਨਿਰਪੱਖਤਾ ਨੂੰ ਬਣਾਈ ਰੱਖਦੇ ਹੋਏ ਗੁੰਝਲਦਾਰ ਵਿਗਿਆਨਕ ਜਾਣਕਾਰੀ ਨੂੰ ਸਰਲ ਭਾਸ਼ਾ ਵਿੱਚ ਪੇਸ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਜਾਣਕਾਰੀ ਦੀ ਪੁਸ਼ਟੀ ਕਰਨ ਵਿੱਚ ਪੱਤਰਕਾਰਾਂ ਨੂੰ ਦਰਪੇਸ਼ ਚੁਣੌਤੀਆਂ ਵੱਲ ਵੀ ਧਿਆਨ ਦਿਵਾਇਆ। ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਵਿਗਿਆਨ ਪੱਤਰਕਾਰੀ ਨੂੰ ਉਤਸ਼ਾਹਿਤ ਕਰਨ ਅਤੇ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਪੱਤਰਕਾਰਾਂ ਅਤੇ ਨੌਜਵਾਨ ਵਿਦਿਆਰਥੀਆਂ ਨੂੰ ਸਮਾਜ ਵਿੱਚ ਤਰਕਸ਼ੀਲ ਸੋਚ ਬਣਾਉਣ ਲਈ ਉਤਸ਼ਾਹਿਤ ਕੀਤਾ।

---------------------------------------------------------------